# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :07-07-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ।**

- ਪੰਜਾਬ BJP ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕਿਹਾ -ਕੇਂਦਰ ਸਰਕਾਰ ਨੇ ਫ਼ਿਲਮ 'ਸਤਲੁਜ' ਨੂੰ OTT ਤੋਂ ਹਟਾਉਣ ਬਾਰੇ ਮਾਮਲੇ ਦੀ ਸਮੀਖਿਆ ਦੇ ਹੁਕਮ ਦਿੱਤੇ।

- ਪੰਜਾਬ ਦੇ ਮੁੱਖ ਚੋਣ ਅਫ਼ਸਰ ਅਨਿੰਦਿਤਾ ਮਿਤਰਾ ਨੇ ਪਟਿਆਲਾ ਅਤੇ ਬਰਨਾਲਾ ਵਿੱਚ BLOs ਨਾਲ ਦੁਰਵਿਹਾਰ ਕਰਨ ਦੇ ਮਾਮਲੇ ਦਾ ਗੰਭੀਰ ਨੋਟਿਸ ਲਿਆ- ਜ਼ਿਲ੍ਹਾ ਚੋਣ ਅਫ਼ਸਰਾਂ ਨੂੰ BLOs ਦੀ ਸੁਰੱਖਿਆ ਯਕੀਨੀ ਬਨਾਉਣਦੇ ਨਿਰਦੇਸ਼।

- ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵੱਖ-ਵੱਖ ਮੁਲਾਜ਼ਮ ਜਥੇਬੰਦੀਆਂ ਦੇ ਮੁੱਦਿਆਂ ਦੇ ਹੱਲ ਲਈ ਅਹਿਮ ਮੀਟਿੰਗਾਂ ਕੀਤੀਆਂ

-ਸੰਬਧਤ ਵਿਭਾਗਾਂ ਨੂੰ ਜਾਇਜ਼ ਮੰਗਾਂ ਦਾ ਹੱਲ ਕਰਨ ਦੇ ਨਿਰਦੇਸ਼ ਦਿੱਤੇ।

- ਮੌਸਮ ਵਿਭਾਗ ਨੇ ਪੰਜਾਬ ਤੇ ਹਰਿਆਣਾ ਅਤੇ ਚੰਡੀਗੜ੍ਹ ਵਿੱਚ ਅੱਜ ਤੋਂ 9 ਜੁਲਾਈ ਤੱਕ ਭਾਰੀ ਮੀਂਹ ਪੈਣ ਬਾਰੇ ਯੈਲੋ ਅਲਰਟ ਜਾਰੀ ਕੀਤਾ।

- ਭਾਰਤ ਅਤੇ ਇੰਗਲੈਂਡ ਦਰਮਿਆਨ ਪੰਜ Twenty-twenty ਮੈਚਾਂ ਦੀ ਲੜੀ ਦਾ ਤੀਜਾ ਮੈਚ, ਅੱਜ ਨਾਟਿੰਘਮ ਵਿੱਚ ਰਾਤੀਂ 10 ਵਜੇ ਖੇਡਿਆ ਜਾਵੇਗਾ ।

**ਹੁਣ ਖ਼ਬਰਾਂ ਵਿਸਥਾਰ ਨਾਲ ।**

ਕੇਂਦਰੀ ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰਾਲੇ ਨੇ ਤਿੰਨ ਮੈਂਬਰੀ ਸਮੀਖਿਆ ਕਮੇਟੀ ਨੂੰ ਪੰਜਾਬੀ ਫ਼ਿਲਮ ਸਤਲੁਜ' ਨੂੰ ਓ.ਓ.ਟੀ. ਪਲੇਟਫਾਰਮ ਤੋਂ ਹਟਾਏ ਜਾਣ ਦੀ ਜਾਂਚ ਅਤੇ ਸਮੀਖਿਆ ਕਰਨ ਦੇ ਨਿਰਦੇਸ਼ ਦਿੱਤੇ ਨੇ । ਪੰਜਾਬ BJP ਪ੍ਰਧਾਨ ਕੇਵਲ ਸਿੰਘ ਢਿੱਲੋਂ ਵੱਲੋਂ ਇਸ ਬਾਰੇ 6 ਜੁਲਾਈ ਨੂੰ ਭਾਰਤ ਸਰਕਾਰ ਕੋਲ ਕੀਤੀ ਗਈ ਅਪੀਲ 'ਤੇ ਕਾਰਵਾਈ ਕਰਦਿਆਂ, ਇਹ ਨਿਰਦੇਸ਼ ਦਿੱਤੇ ਗਏ ਨੇ । ਕੇਂਦਰ ਸਰਕਾਰ ਦੇ ਇਸ ਫ਼ੈਸਲੇ ਦਾ ਸਵਾਗਤ ਕਰਦਿਆਂ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਪੰਜਾਬ ਦਾ ਸਿਨੇਮਾ ਅਤੇ ਇਸ ਦੇ ਕਲਾਕਾਰ ਲੋਕਾਂ ਦੀ ਆਵਾਜ਼,

ਇਤਿਹਾਸ ਅਤੇ ਸੱਭਿਆਚਾਰਕ ਪਹਿਚਾਣ ਦੇ ਨੁਮਾਇੰਦੇ ਨੇ । ਉਨ੍ਹਾਂ ਕਿਹਾ ਕਿ ਪੰਜਾਬੀ ਫ਼ਿਲਮ ਜਗਤ ਅਤੇ ਆਮ ਲੋਕਾਂ ਵੱਲੋਂ 'ਸਤਲੁਜ' ਨੂੰ ਓ.ਓ.ਟੀ. ਤੋਂ ਹਟਾਏ ਜਾਣ ਦੇ ਤਰੀਕੇ ਨੂੰ ਲੈ ਕੇ ਗੰਭੀਰ ਚਿੰਤਾਵਾਂ ਨੂੰ ਦੇਖਦਿਆਂ ਇਹ ਮਾਮਲਾ ਭਾਰਤ ਸਰਕਾਰ ਦੇ ਧਿਆਨ ਵਿੱਚ ਲਿਆਂਦਾ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਕਮੇਟੀ ਇਸ ਮਾਮਲੇ ਦੀ ਵੇਰਵੇ ਸਮੇਤ ਅਤੇ ਨਿਰਪੱਖ ਸਮੀਖਿਆ ਕਰੇਗੀ। ਉਨ੍ਹਾਂ ਕਿਹਾ ਕਿ BJP ਪੰਜਾਬ ਇਸ ਮਾਮਲੇ ਵਿੱਚ ਸਾਰੇ ਸੰਬੰਧਿਤ ਪੱਖਾਂ ਨਾਲ ਸਕਾਰਾਤਮਕ ਸੰਵਾਦ ਜਾਰੀ ਰੱਖੇਗੀ, ਤਾਂ ਜੋ ਇਸ ਮਾਮਲੇ ਦਾ ਜਲਦੀ, ਨਿਆਂਪੂਰਨ ਅਤੇ ਸੰਤੁਲਿਤ ਹੱਲ ਯਕੀਨੀ ਬਣਾਇਆ ਜਾ ਸਕੇ।

---------------------------------------------------

ਪੰਜਾਬ ਦੇ ਮੁੱਖ ਚੋਣ ਅਫ਼ਸਰ ਅਨਿੰਦਿਤਾ ਮਿਤਰਾ ਨੇ ਕਿਹਾ ਵਿਸ਼ੇਸ਼ ਤੀਬਰ ਸੋਧ -SIR ਦੇ ਕੰਮ ਵਿੱਚ ਲੱਗੇ ਬੂਥ ਲੈਵਲ ਅਧਿਕਾਰੀਆਂ-BLOs ਨਾਲ ਕਿਸੇ ਵੀ ਕਿਸਮ ਦਾ ਦੁਰਵਿਹਾਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪਟਿਆਲਾ ਅਤੇ ਬਰਨਾਲਾ ਜ਼ਿਲ੍ਹੇ ਵਿੱਚ ਬੀ.ਐਲ.ਓ. ਨਾਲ ਦੁਰਵਿਹਾਰ ਕਰਨ ਦੇ ਮਾਮਲੇ ਸਾਹਮਣੇ ਆਏ ਨੇ , ਜਿਸਦਾ ਗੰਭੀਰ ਨੋਟਿਸ ਲਿਆ ਗਿਆ ਏ। ਉਨ੍ਹਾਂ ਦੱਸਿਆ ਕਿ ਪਟਿਆਲਾ ਵਿੱਚ ਆਨੰਦ ਨਗਰ ਦੇ ਇੱਕ ਨਿਵਾਸੀ ਵੱਲੋਂ ਬੂਥ ਨੰਬਰ 113 ਦੇ ਬੂਥ ਲੈਵਲ ਅਫਸਰ 'ਤੇ ਉਸ ਸਮੇਂ ਹਮਲਾ ਕੀਤਾ ਗਿਆ, ਜਦੋਂ BLOS ਨੇ

ਐਸ.ਆਈ.ਆਰ. ਪ੍ਰਕਿਰਿਆ ਦੇ ਸਬੰਧ ਵਿੱਚ ਉਸ ਤੋਂ ਵੇਰਵੇ ਮੰਗੇ ਸਨ। ਇਸ ਘਟਨਾ ਤੋਂ ਬਾਅਦ, ਪੁਲਿਸ ਨੇ ਹਮਲਾ ਕਰਨ ਵਾਲੇ ਵਿਅਕਤੀ ਖਿਲ਼ਾਫ ਮਾਮਲਾ ਦਰਜ ਕੀਤਾ ਏ। ਸ੍ਰੀਮਤੀ  ਮਿਤਰਾ ਨੇ ਦੱਸਿਆ ਕਿ ਇਸੇ ਤਰ੍ਹਾਂ ਬਰਨਾਲਾ ਜ਼ਿਲ੍ਹੇ ਦੇ ਧਨੌਲਾ ਦੇ ਬੂਥ ਨੰਬਰ  103 ਅਕਾਲਗੜ੍ਹ ਕੋਠੇ ਦੇ ਬੀ.ਐਲ.ਓ. ‘ਤੇ ਵੀ ਐਸ.ਆਈ.ਆਰ. ਸਬੰਧੀ ਕੰਮਕਾਜ ਦੌਰਾਨ ਇੱਕ ਨੇ ਮਾੜੀ ਸ਼ਬਦਾਵਲੀ ਵਰਤੀ ਅਤੇ ਹਮਲਾ ਕੀਤਾ  ਜਿਸ ਸਬੰਧੀ ਧਨੌਲਾ ਥਾਣਾ ਵਿਖੇ ਮਾਮਲਾ ਦਰਜ ਕੀਤਾ ਗਿਆ ਏ। ਮੁੱਖ ਚੋਣ ਅਫ਼ਸਰ ਨੇ ਸੂਬੇ ਦੇ ਸਮੂਹ ਜ਼ਿਲ੍ਹਾ ਚੋਣ ਅਫ਼ਸਰਾਂ ਨੂੰ ਹਦਾਇਤ ਕੀਤੀ ਕਿ ਉਹ ਐਸ.ਆਈ.ਆਰ. ਦੌਰਾਨ ਬੀ.ਐਲ.ਓਜ. ਦੀ ਸੁਰੱਖਿਆ ਨੂੰ ਯਕੀਨੀ ਬਨਾਉਣ। ਉਨ੍ਹਾਂ  ਸਮੂਹ ਵੋਟਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਬੀ.ਐਲ.ਓਜ਼. ਨੂੰ ਪੂਰਾ ਸਹਿਯੋਗ ਦੇਣ ਅਤੇ ਇਹ ਯਕੀਨੀ ਬਣਾਉਣ ਕਿ ਇਸ ਤਰ੍ਹਾਂ ਦੀਆਂ ਅਣਸੁਖਾਵੀਆਂ ਘਟਨਾਵਾਂ ਨਾ ਵਾਪਰਨ।

---------------------------------------------------

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਾਲੀ ਕੈਬਨਿਟ ਸਬ-ਕਮੇਟੀ ਨੇ ਅੱਜ ਵੱਖ-ਵੱਖ ਮੁਲਾਜ਼ਮ ਐਸੋਸੀਏਸ਼ਨਾਂ ਅਤੇ ਜਥੇਬੰਦੀਆਂ ਦੇ ਨੁਮਾਇੰਦਿਆਂ ਨਾਲ ਸਿੱਧੀ ਗੱਲਬਾਤ ਕਰਨ ਲਈ ਅਹਿਮ ਮੀਟਿੰਗਾਂ ਕੀਤੀਆਂ। ਇਨ੍ਹਾਂ ਮੀਟਿੰਗਾਂ ਦੌਰਾਨ ਸੌਂਪੇ ਗਏ ਮੰਗ

ਪੱਤਰਾਂ ਦੀ ਸਮੀਖਿਆ ਕੀਤੀ ਗਈ ਅਤੇ ਮੁਲਜ਼ਮ ਜਥੇਬੰਦੀਆਂ ਵੱਲੋਂ ਉਠਾਈਆਂ ਗਈਆਂ ਪੇਸ਼ੇਵਰ ਅਤੇ ਵਿੱਤੀ ਸ਼ਿਕਾਇਤਾਂ ਦੇ ਹੱਲ ਲਈ ਵਿਚਾਰ ਚਰਚਾ ਕੀਤੀ ਗਈ। ਵਿੱਤ ਮੰਤਰੀ  ਨੇ ਸਿੱਖਿਆ ਕਾਮਿਆਂ ਨਾਲ ਵਿਚਾਰ-ਵਟਾਂਦਰਾ ਕੀਤਾ । ਮੀਟਿੰਗ ਵਿੱਚ ਤਨਖਾਹ ਨਿਰਧਾਰਣ, ਬਦਲੀਆਂ ਅਤੇ ਰੈਗੂਲਰ ਕਰਨ ਸਬੰਧੀ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਉਠਾਏ ਗਏ ਮਸਲਿਆਂ ਦਾ ਤੁਰੰਤ ਨੋਟਿਸ ਲੈਂਦਿਆਂ, ਵਿੱਤ ਮੰਤਰੀ ਨੇ ਵਿਭਾਗ ਨੂੰ ਇਨ੍ਹਾਂ ਜਾਇਜ਼ ਮੰਗਾਂ ਦਾ ਤੇਜ਼ੀ ਨਾਲ ਹੱਲ ਕਰਨ ਦੇ ਨਿਰਦੇਸ਼ ਦਿੱਤੇ।

---------------------------------------------------------

ਐਨ.ਆਰ.ਆਈ. ਮਾਮਲਿਆਂ ਬਾਰੇ ਵਿਭਾਗ ਵੱਲੋਂ ਪੰਜਾਬ ਦੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਦੀ ਅਗਵਾਈ ਹੇਠ ਕੱਲ ਸਵੇਰੇ 11 ਵਜੇ ‘ਆਨਲਾਈਨ ਐਨ.ਆਰ.ਆਈ. ਮਿਲਣੀ’ ਕਰਵਾਈ ਜਾਵੇਗੀ। ਇਸਦਾ ਉਦੇਸ਼ ਵਿਦੇਸ਼ਾਂ ਵਿੱਚ ਵਸਦੇ ਪੰਜਾਬੀਆਂ ਦੇ ਮਸਲਿਆਂ ਨੂੰ ਪਾਰਦਰਸ਼ੀ ਅਤੇ ਸਮਾਂਬੱਧ ਢੰਗ ਨਾਲ ਹੱਲ ਕਰਨਾ ਏ.
ਇਸ ਸਬੰਧੀ ਵੇਰਵੇ ਸਾਂਝੇ ਕਰਦਿਆਂ ਡਾ. ਰਵਜੋਤ ਸਿੰਘ ਨੇ ਦੱਸਿਆ ਕਿ ‘ਆਨਲਾਈਨ ਐਨ.ਆਰ.ਆਈ. ਮਿਲਣੀ’ , ਵਿਦੇਸ਼ਾਂ ਵਿੱਚ ਵਸਦੇ ਪੰਜਾਬੀਆਂ ਨੂੰ ਸਿੱਧੇ ਤੌਰ ’ਤੇ ਉਨ੍ਹਾਂ ਨਾਲ ਗੱਲਬਾਤ ਕਰਨ ਅਤੇ ਆਪਣੀਆਂ ਸ਼ਿਕਾਇਤਾਂ, ਸੁਝਾਅ ਅਤੇ ਸਮੱਸਿਆਵਾਂ ਸਾਂਝੀਆਂ ਕਰਨ

ਲਈ ਸਮਰਪਿਤ ਮੰਚ ਪ੍ਰਦਾਨ ਕਰੇਗੀ। ਉਨ੍ਹਾਂ ਕਿਹਾ ਕਿ ਗੱਲਬਾਤ ਦੌਰਾਨ ਚੁੱਕੇ ਗਏ ਸਾਰੇ ਮੁੱਦਿਆਂ ਨੂੰ ਸੰਬੰਧਿਤ ਵਿਭਾਗਾਂ ਅਤੇ ਅਧਿਕਾਰੀਆਂ ਨਾਲ ਵਿਚਾਰਿਆ ਜਾਵੇਗਾ, ਜਿਸ ਨਾਲ ਉਨ੍ਹਾਂ ਦੇ ਤੁਰੰਤ ਅਤੇ ਪ੍ਰਭਾਵੀ ਨਿਪਟਾਰੇ ਨੂੰ ਯਕੀਨੀ ਬਣਾਉਣ ਲਈ ਢੁਕਵੇਂ ਨਿਰਦੇਸ਼ ਜਾਰੀ ਕੀਤੇ ਜਾਣਗੇ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਮਿਲਣੀ ਵਿੱਚ ਹਿੱਸਾ ਲੈਣ ਦੇ ਚਾਹਵਾਨ ਆਪਣੀਆਂ ਸ਼ਿਕਾਇਤਾਂ ਪਹਿਲਾਂ ਹੀ minister.punjab.gov.in ’ਤੇ ਈਮੇਲ ਰਾਹੀਂ ਜਮ੍ਹਾਂ ਕਰਵਾ ਸਕਦੇ ਨੇ.

---------------------------------------------------

BJP ਦੇ ਸੀਨੀਅਰ ਆਗੂ ਅਤੇ ਸਾਬਕਾ ਕੇਂਦਰੀ ਮੰਤਰੀ ਵਿਜੇ ਸਾਂਪਲਾ 2015 ਦੇ ਬਹਿਬਲ ਕਲਾਂ ਗੋਲੀਬਾਰੀ ਮਾਮਲੇ ਦੀ ਜਾਂਚ ਕਰ ਰਹੀ ਪੰਜਾਬ ਪੁਲਿਸ ਦੀ ਵਿਸ਼ੇਸ਼ ਜਾਂਚ ਟੀਮ (SIT) ਸਾਹਮਣੇ ਅੱਜ ਫੇਰ ਤੋਂ ਪੇਸ਼ ਹੋਏ। ਇਸ ਮਗਰੋਂ ਅੱਜ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਸ੍ਰੀ ਸਾਂਪਲਾ ਨੇ ਕਿਹਾ ਕਿ ਉਨ੍ਹਾਂ ਨੂੰ ਪੇਸ਼ ਹੋਣ ਲਈ ਸੰਮਨ ਭੇਜਿਆ ਜਾ ਰਿਹਾ ਸੀ ਤੇ ਅੱਜ ਉਹ ਪੇਸ਼ ਹੋਏ ਨੇ । ਉਨ੍ਹਾਂ ਕਿਹਾ ਕਿ SIT ਉਸ ਦਸਤਾਵੇਜ਼ ਦੀ ਪ੍ਰਮਾਣਿਤ ਕਾਪੀ ਪ੍ਰਦਾਨ ਨਹੀਂ ਕਰ ਰਹੀ ਏ, ਜਿਸ ਦੇ ਆਧਾਰ 'ਤੇ ਉਨ੍ਹਾਂ ਨੂੰ ਸੰਮਨ ਭੇਜਿਆ ਜਾ ਰਿਹਾ ਏ ।

ਵਿਜੇ ਸਾਂਪਲਾ ਨੇ ਕਿਹਾ ਕਿ ਉਹ, SIT ਨਾਲ ਸਹਿਯੋਗ ਕਰਨਾ ਜਾਰੀ ਰੱਖਣਗੇ ਪਰ ਉਨ੍ਹਾਂ ਕੋਲ ਘੱਟੋ ਘੱਟ ਦਸਤਾਵੇਜ਼ ਦੀ ਇੱਕ ਕਾਪੀ ਜ਼ਰੂਰ ਹੋਣੀ ਚਾਹੀਦੀ ਏ। ਉਨ੍ਹਾਂ ਕਿ

BYTE

---------------------------------------------------------------

ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਮਨਾਉਣ ਦੇ ਉਦੇਸ਼ ਨਾਲ ਪੰਜਾਬ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਸਿੱਖਿਆਵਾਂ ਨੂੰ ਮੋਬਾਈਲ ਐਲਈਡੀ ਵੈਨਾਂ ਰਾਹੀਂ ਹਰ ਪਿੰਡ ਤੱਕ ਪਹੁੰਚਾ ਰਹੀ ਏ। ਪੰਜਾਬ ਦੇ ਸੈਰ-ਸਪਾਟਾ ਅਤੇ ਸੱਭਿਆਚਾਰ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਅੱਜ ਚੰਡੀਗੜ੍ਹ ਡਿਜੀਟਲ ਸਿਸਟਮ ਅਧਾਰਤ ਸਮਾਗਮ ਦੇ ਵੇਰਵੇ ਸਾਂਝੇ ਕਰਦਿਆਂ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ ਸੰਦੇਸ਼ ਨੂੰ ਪਿੰਡਾਂ ਤੱਕ ਪਹੁੰਚਾਉਣ ਲਈ ਵਾਹਨਾਂ 'ਤੇ ਵੱਡੀਆਂ ਐਲ.ਈ.ਡੀ ਸਕ੍ਰੀਨਾਂ ਲਗਾ ਕੇ 13 ਹਜ਼ਾਰ ਤੋਂ ਵੱਧ ਪਿੰਡਾਂ ਵਿੱਚ 30 ਮਿੰਟ ਦੀ ਦਸਤਾਵੇਜ਼ੀ ਫ਼ਿਲਮ ਵਿਖਾ ਰਹੀ ਏ। ਮੰਤਰੀ ਨੇ ਦੱਸਿਆ ਕਿ ਵਾਰਾਣਸੀ, ਫਰੀਦਕੋਟ, ਜੰਮੂ ਅਤੇ ਬਠਿੰਡਾ ਤੋਂ ਚਾਰ ਸ਼ੋਭਾ ਯਾਤਰਾਵਾਂ ਜਲਦ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਇਕੱਠੀਆਂ ਹੋਣਗੀਆਂ। ਸੂਬੇ ਭਰ ਦੇ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਸੈਮੀਨਾਰ ਵੀ ਕਰਵਾਏ

ਜਾਣਗੇ, ਤਾਂ ਜੋ ਗੁਰੂ ਜੀ ਦਾ ਫ਼ਲਸਫ਼ਾ ਨੌਜਵਾਨ ਪੀੜ੍ਹੀ ਤੱਕ ਸਾਰਥਕ ਢੰਗ ਨਾਲ ਪਹੁੰਚਾਉਣਾ ਯਕੀਨੀ ਬਣਾਇਆ ਜਾ ਸਕੇ। ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਰਕਾਰ ਵੱਲੋਂ ਹਰੇਕ ਜ਼ਿਲ੍ਹੇ ਵਿੱਚ ਸਾਢੇ 6 ਲੱਖ ਬੂਟੇ ਵੀ ਲਗਾਏ ਜਾਣਗੇ, ਸੂਬੇ ਭਰ ਵਿੱਚ ਖ਼ੂਨਦਾਨ ਕੈਂਪ, ਮੈਰਾਥਨ, ਸਾਈਕਲ ਰੈਲੀਆਂ ਅਤੇ ਕੀਰਤਨ ਸਮਾਗਮ ਵੀ ਕਰਵਾਏ ਜਾਣਗੇ।

---------------------------------------------------

ਪੰਜਾਬ ਦੇ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਮੋਹਾਲੀ ਵਿਖੇ ਇੱਕ ਆਧੁਨਿਕ ਬਿਰਧ ਆਸ਼ਰਮ ਦਾ ਨਿਰਮਾਣ ਕੀਤਾ ਜਾ ਰਿਹਾ ਏ । ਕੈਬਿਨੇਟ ਮੰਤਰੀ ਡਾ. ਬਲਜੀਤ ਕੌਰ ਨੇ ਦਸਿਆ ਕਿ ਸਰਕਾਰੀ ਮਲਕੀਅਤ ਅਤੇ ਪ੍ਰਬੰਧਨ ਅਧੀਨ ਬਣਨ ਵਾਲੇ ਇਸ ਆਸ਼ਰਮ ਲਈ ਗਮਾਡਾ ਵੱਲੋਂ ਸੈਕਟਰ-78 ਵਿਖੇ ਜ਼ਮੀਨ ਅਲਾਟ ਕਰ ਦਿੱਤੀ ਗਈ ਏ । ਉਨ੍ਹਾਂ ਕਿਹਾ ਕਿ ਸਾਡੇ ਬਜ਼ੁਰਗ ਸਾਡਾ ਸਰਮਾਇਆ ਅਤੇ ਮਾਰਗਦਰਸ਼ਕ ਨੇ ਅਤੇ ਜ਼ਿੰਦਗੀ ਦੇ ਇਸ ਪੜਾਅ 'ਤੇ ਉਨ੍ਹਾਂ ਦੀ ਦੇਖਭਾਲ ਕਰਨਾ ਸਰਕਾਰ ਦਾ ਸਭ ਤੋਂ ਪਹਿਲਾ ਫ਼ਰਜ਼ ਏ ।

ਮੰਤਰੀ ਨੇ ਕਿਹਾ ਕਿ ਪ੍ਰੋਜੈਕਟ ਨੂੰ ਤੇਜ਼ੀ ਨਾਲ ਨੇਪਰੇ ਚਾੜ੍ਹਨ ਲਈ ਗਮਾਡਾ ਦੇ ਐਸਟੇਟ ਅਫਸਰ ਨੂੰ ਪੱਤਰ ਜਾਰੀ ਕਰ ਦਿੱਤਾ ਗਿਆ ਏ ।

---------------------------------------------------

ਪੰਜਾਬ ਦੇ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਸਰਕਾਰ

ਦੇ ਉਪਰਾਲਿਆਂ ਸਦਕਾ ਸੂਬੇ ਵਿੱਚ ਬਾਗਬਾਨੀ ਹੇਠ ਰਕਬਾ ਵੱਧ ਕੇ 5 ਲੱਖ 21 ਹਜ਼ਾਰ ਹੈਕਟੇਅਰ ਤੱਕ ਪਹੁੰਚ ਗਿਆ ਏ ਜੋ ਕਿ ਬਾਗ਼ਬਾਨੀ ਖੇਤਰ ਵਿੱਚ ਇੱਕ ਮਹੱਤਵਪੂਰਨ ਪ੍ਰਾਪਤੀ ਏ । ਚੰਡੀਗੜ੍ਹ ਚ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਰਵਾਇਤੀ ਫਸਲੀ ਚੱਕਰ ਤੋਂ ਇਲਾਵਾ ਕਿਸਾਨਾਂ ਨੂੰ ਫਲਾਂ, ਸਬਜ਼ੀਆਂ, ਫੁੱਲਾਂ ਅਤੇ ਹੋਰ ਉੱਚ ਮੁੱਲ ਵਾਲੀਆਂ ਬਾਗਬਾਨੀ ਫਸਲਾਂ ਵੱਲ ਪ੍ਰੇਰਿਤ ਕਰ ਰਹੀ ਏ । ਇਸ ਨਾਲ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਹੋਣ ਦੇ ਨਾਲ-ਨਾਲ ਬਾਗ਼ਬਾਨੀ ਨੂੰ ਹੋਰ ਲਾਭਕਾਰੀ ਅਤੇ ਪਾਏਦਾਰ ਬਣਾਉਣ ਵਿੱਚ ਵੀ ਮਦਦ ਮਿਲ ਰਹੀ ਏ । ਉਨ੍ਹਾਂ ਕਿਹਾ ਕਿ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਸਰਕਾਰ ਦੀ ਹਰ ਯੋਜਨਾ ਦਾ ਲਾਭ ਯੋਗ ਕਿਸਾਨਾਂ ਤੱਕ ਸਮੇਂ ਸਿਰ ਪਹੁੰਚਾਇਆ ਜਾਵੇ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਬਾਗਬਾਨੀ ਨਾਲ ਸਬੰਧਤ ਸਰਕਾਰੀ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਕਿਸੇ ਵੀ ਜਾਣਕਾਰੀ ਜਾਂ ਸਹਾਇਤਾ ਲਈ ਆਪਣੇ ਨਜ਼ਦੀਕੀ ਬਾਗਬਾਨੀ ਦਫ਼ਤਰ ਨਾਲ ਸੰਪਰਕ ਕਰ ਸਕਦੇ ਹਨ।

---------------------------------------------------------

ਮੌਸਮ ਵਿਭਾਗ ਨੇ ਪੰਜਾਬ ਤੇ ਹਰਿਆਣਾ ਦੇ ਕੁਝ ਇਲਾਕਿਆਂ ਅਤੇ ਚੰਡੀਗੜ੍ਹ ਵਿੱਚ ਅੱਜ ਤੋਂ 9 ਜੁਲਾਈ ਤੱਕ ਭਾਰੀ ਮੀਂਹ ਪੈਣ ਬਾਰੇ ਯੈਲੋ

ਅਲਰਟ ਜਾਰੀ ਕੀਤਾ ਏ। ਇਸ ਤੋਂ ਇਲਾਵਾ 11 ਅਤੇ 12 ਜੁਲਾਈ ਨੂੰ ਵੀ ਇਨ੍ਹਾਂ ਖੇਤਰਾਂ ਵਿੱਚ ਭਾਰੀ ਮੀਂਹ ਪੈਣ ਦੀ ਸੰਭਾਵਨਾ ਜਤਾਈ ਗਈ ਏ। ਇਸ ਦੌਰਾਨ ਜਲੰਧਰ ਸਮੇਤ ਕਈ ਥਾਵਾਂ 'ਤੇ ਦਰਮਿਆਨੀ ਬਾਰਿਸ਼ ਹੋਈ ਏ। ਪਿਛਲੇ 24 ਘੰਟਿਆਂ ਦੌਰਾਨ ਬਠਿੰਡਾ ਵਿੱਚ ਵੱਧ ਤੋਂ ਵੱਧ ਤਾਪਮਾਨ 39.1 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜਦਕਿ ਹਰਿਆਣਾ ਦੇ ਸਿਰਸਾ ਵਿੱਚ ਤਾਪਮਾਨ 38.6 ਡਿਗਰੀ ਸੈਲਸੀਅਸ ਰਿਹਾ। ਚੰਡੀਗੜ੍ਹ ਵਿੱਚ ਵੱਧ ਤੋਂ ਵੱਧ ਤਾਪਮਾਨ 35 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਅੱਜ ਸਵੇਰੇ ਦਰਜ ਕੀਤੇ ਗਏ ਘੱਟੋ-ਘੱਟ ਤਾਪਮਾਨ ਅਨੁਸਾਰ ਪਠਾਨਕੋਟ ਦੇ ਥੀਨ ਡੈਮ ਵਿੱਚ 24.3 ਡਿਗਰੀ ਸੈਲਸੀਅਸ, ਹਰਿਆਣਾ ਦੇ ਗੁਰੂਗ੍ਰਾਮ ਵਿੱਚ 25 ਡਿਗਰੀ ਸੈਲਸੀਅਸ ਅਤੇ ਚੰਡੀਗੜ੍ਹ ਵਿੱਚ 25.6 ਡਿਗਰੀ ਸੈਲਸੀਅਸ ਤਾਪਮਾਨ ਰਿਕਾਰਡ ਕੀਤਾ ਗਿਆ।

---

ਕ੍ਰਿਕੇਟ ਵਿੱਚ, ਭਾਰਤ ਅਤੇ ਇੰਗਲੈਂਡ ਵਿਚਕਾਰ ਪੰਜ Twenty-twenty ਮੈਚਾਂ ਦੀ ਲੜੀ ਦਾ ਤੀਜਾ ਮੈਚ, ਅੱਜ ਨਾਟਿੰਘਮ ਵਿੱਚ ਖੇਡਿਆ ਜਾਵੇਗਾ। ਇਹ ਮੈਚ ਭਾਰਤੀ ਸਮੇਂ ਅਨੁਸਾਰ ਰਾਤੀਂ 10 ਵਜੇ ਸ਼ੁਰੂ ਹੋਵੇਗਾ। ਮੇਜ਼ਬਾਨ ਇੰਗਲੈਂਡ ਨੇ ਸ਼ਨੀਵਾਰ ਨੂੰ ਮੈਨਚੈਸਟਰ ਵਿੱਚ ਖੇਡੇ ਗਏ ਦੂਜੇ Twenty-twenty ਮੈਚ ਵਿੱਚ ਭਾਰਤ ਨੂੰ 4 ਵਿਕਟਾਂ ਨਾਲ ਹਰਾਇਆ

ਸੀ। ਇਸ ਤੋਂ ਪਹਿਲਾਂ, ਦੋਵਾਂ ਟੀਮਾਂ ਵਿਚਕਾਰ ਪਹਿਲਾ Twenty-twenty ਮੈਚ ਮੀਂਹ ਕਾਰਨ, ਡਰਾਅ ਰਿਹਾ।

---------------------------------------------------------------

- ਪੰਜਾਬ BJP ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕਿਹਾ -ਕੇਂਦਰ ਸਰਕਾਰ ਨੇ ਫ਼ਿਲਮ 'ਸਤਲੁਜ' ਨੂੰ OTT ਤੋਂ ਹਟਾਉਣ ਬਾਰੇ ਮਾਮਲੇ ਦੀ ਸਮੀਖਿਆ ਦੇ ਹੁਕਮ ਦਿੱਤੇ ।

- ਪੰਜਾਬ ਦੇ ਮੁੱਖ ਚੋਣ ਅਫ਼ਸਰ ਅਨਿੰਦਿਤਾ ਮਿਤਰਾ ਨੇ ਪਟਿਆਲਾ ਅਤੇ ਬਰਨਾਲਾ ਵਿੱਚ BLOs ਨਾਲ ਦੁਰਵਿਹਾਰ ਕਰਨ ਦੇ ਮਾਮਲੇ ਦਾ ਗੰਭੀਰ ਨੋਟਿਸ ਲਿਆ- ਜ਼ਿਲ੍ਹਾ ਚੋਣ ਅਫ਼ਸਰਾਂ ਨੂੰ BLOs ਦੀ ਸੁਰੱਖਿਆ ਯਕੀਨੀ ਬਨਾਉਣਦੇ ਨਿਰਦੇਸ਼ ।

- ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵੱਖ-ਵੱਖ ਮੁਲਾਜ਼ਮ ਜਥੇਬੰਦੀਆਂ ਦੇ ਮੁੱਦਿਆਂ ਦੇ ਹੱਲ ਲਈ ਅਹਿਮ ਮੀਟਿੰਗਾਂ ਕੀਤੀਆਂ -ਸੰਬਧਤ ਵਿਭਾਗਾਂ ਨੂੰ ਜਾਇਜ਼ ਮੰਗਾਂ ਦਾ ਹੱਲ ਕਰਨ ਦੇ ਨਿਰਦੇਸ਼ ਦਿੱਤੇ।

- ਮੌਸਮ ਵਿਭਾਗ ਨੇ ਪੰਜਾਬ ਤੇ ਹਰਿਆਣਾ ਅਤੇ ਚੰਡੀਗੜ੍ਹ ਵਿੱਚ ਅੱਜ ਤੋਂ 9 ਜੁਲਾਈ ਤੱਕ ਭਾਰੀ ਮੀਂਹ ਪੈਣ ਬਾਰੇ ਯੈਲੋ ਅਲਰਟ ਜਾਰੀ ਕੀਤਾ।

- ਭਾਰਤ ਅਤੇ ਇੰਗਲੈਂਡ ਦਰਮਿਆਨ ਪੰਜ Twenty-twenty ਮੈਚਾਂ ਦੀ ਲੜੀ ਦਾ ਤੀਜਾ ਮੈਚ, ਅੱਜ ਨਾਟਿੰਘਮ ਵਿੱਚ ਰਾਤੀਂ 10 ਵਜੇ ਖੇਡਿਆ ਜਾਵੇਗਾ ।

---------------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ ਸ਼ਾਮੀ 7.30 ਵਜੇ ਨਮਸਕਾਰ !**